**ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਸਹਿਬਜ਼ਾਦਾ ਅਜੀਤ ਸਿੰਘ ਨਗਰ।**
**(ਫੁਟਕਲ ਸ਼ਾਖਾ)**

16360/K
07-07-18

**ਹੁੱਕਮ**

ਜਿਵੇ ਕਿ ਮੇਰੇ ਧਿਆਨ ਵਿਚ ਆਇਆ ਹੈ ਕਿ ਨਸ਼ੀਲੇ ਪਦਾਰਥਾਂ ਦੇ ਸੇਵਨ ਲਈ, ਨਸ਼ਾ ਕਰਨ ਵਾਲਿਆ ਵਲੋ ਸਰਿੰਜਾਂ ਦੀ ਵਰਤੋ ਕੀਤੀ ਜਾਂਦੀ ਹੈ, ਜੋ ਕਿ ਖੁਲੇ ਆਮ ਕੈਮਿਸਟਾਂ (ਮੈਡੀਕਲ ਸਟੋਰਾਂ/ ਕਰਿਆਨੇ ਦੀਆਂ ਦੁਕਾਨਾ ਅਤੇ ਹੋਰ ਅਜਿਹੀ ਛੋਟੀਆਂ ਦੁਕਾਨਾ ਆਦਿ ਤੇ ਵਿਕ ਰਹੀਆਂ ਹਨ। ਇਸ ਦੀ Unregulated ਵਰਤੋ ਮਨੁੱਖੀ ਜੀਵਨ ਅਤੇ ਸੁਰਖਿਆ ਲਈ ਹਾਨੀਕਾਰਕ ਹੈ। ਇਸ ਨਾਲ ਅਮਨ ਅਤੇ ਕਾਨੂੰਨ ਦੀ ਸਥਿਤੀ ਵਿਗੜਨ ਦਾ ਵੀ ਅੰਦੇਸ਼ਾ ਹੁੰਦਾ ਹੈ। ਇਸ ਲਈ ਰੋਕਣ ਲਈ ਉਪਰਾਲੇ ਕੀਤੇ ਜਾਣੇ ਜਰੂਰੀ ਹਨ।

ਇਸ ਲਈ ਮੈ, ਗੁਰਪ੍ਰੀਤ ਕੋਰ ਸਪਰਾ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੋਜਦਾਰੀ ਜਾਬਤਾ ਸੰਘਤਾ 1973( ਐਕਟ ਨੰਬਰ 2 ਆਫ਼ 1974) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੀ ਹੋਈ, ਜ਼ਿਲ੍ਹਾ ਸਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ, **ਡਾਕਟਰ ਦੀ ਸਲਿਪ ਤੋ ਬਿਨਾ** ਕਿਸੇ ਵੀ ਕੈਮੀਸਟ (ਮੈਡੀਕਲ ਸਟੋਰ / ਜਾਂ ਹੋਰ ਦੁਕਾਨਾਂ) ਤੇ ਸਰਿੰਜਾਂ ਖਰੀਦਣ ਅਤੇ ਵੇਚਣ ਤੇ ਪਾਬੰਦੀ ਲਗਾਉਦੀ ਹਾਂ। ਇਹ ਆਦੇਸ਼ਾ ਰੇਹੜੀਆ, ਛੋਟੇ ਕਾਰੋਬਾਰੀਆ ਤੇ ਵੀ ਲਾਗੂ ਹੋਣਗੇ।

ਮੌਜੂਦਾ ਹਾਲਾਤਾਂ ਨੂੰ ਮੁੱਖ ਰੱਖਦੇ ਹੋਏ ਇਹ ਹੁੱਕਮ ਇਕ ਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਮ ਜਾਰੀ ਕੀਤਾ ਜਾਂਦਾ ਹੈ। ਇਹ ਮਿਤੀ: 05.07.2018 ਤੋਂ ਮਿਤੀ: 30-09-2018 ਤੱਕ ਜ਼ਿਲ੍ਹੇ ਵਿੱਚ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਇਹ ਹੁੱਕਮ ਸੀਨੀਅਰ ਕਪਤਾਨ ਪੁਲਿਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਜ਼ੋਨਲ ਲਾਇਸੰਸਿਗ ਅਥਾਰਟੀ (ਡਰਗਜ਼) ਦੁਆਰਾ ਸਖਤੀ ਨਾਲ ਲਾਗੂ ਕਰਵਾਇਆ ਜਾਵੇਗਾ। ਸਿਵਲ ਸਰਜਨ, ਸਾਹਿਬਜਾਦਾ ਅਜੀਤ ਸਿੰਘ ਨਗਰ ਦੁਆਰਾ ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਉਚੇਚੇ ਕਦਮ ਚੁੱਕੇ ਜਾਣ। ਇਸ ਹੁੱਕਮ ਨੂੰ ਲਾਗੂ ਕਰਨ ਲਈ ਜਿਲਾ ਲੋਕ ਸਪੰਰਕ ਵਿਭਾਗ ਦੀ ਵਹੀਕਲ ਰਾਂਹੀ ਪ੍ਰਚਾਰ ਕਰਕੇ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਵੇਗਾ ਅਤੇ ਸਥਾਨਕ ਅਖਬਾਰਾਂ ਦੁਆਰਾ ਪ੍ਰਚਾਰ ਕੀਤਾ ਜਾਵੇਗਾ। ਇਸ ਹੁੱਕਮ ਦੀਆ ਕਾਪੀਆਂ ਦਫਤਰ ਜਿਲ੍ਹਾ ਮੈਜਿਸਟਰੇਟਸ, ਜਿਲੇ ਦੇ ਉਪ ਮੰਡਲ ਮੈਜਿਸਟਰੇਟਸ, ਤਹਿਸੀਲਦਾਰਾਂ, ਨਾਇਬ ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ, ਮਾਰਕੀਟ ਕਮੇਟੀਆਂ, ਪੁਲਿਸ ਸਟੇਸ਼ਨਾਂ ਅਤੇ ਨਗਰ ਕੌਸਲਾਂ ਦੇ ਨੋਟਿਸ ਬੋਰਡਾਂ ਅਤੇ ਜਿਲਾ ਸਾਹਿਬਜਾਦਾ ਅਜੀਤ ਸਿੰਘ ਨਗਰ ਦੀਆਂ ਉਘੀਆਂ ਥਾਵਾਂ/ਪਿੰਡਾਂ ਵਿੱਚ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣਗੀਆਂ।

ਇਹ ਹੁਕਮ ਮੇਰੇ ਹਸਤਾਖ਼ਰ ਅਤੇ ਮੋਹਰ ਅਦਾਲਤ ਹੇਠ ਮਿਤੀ 06.07.2018 ਨੂੰ ਜਾਰੀ ਕੀਤਾ ਗਿਆ।

District Magistrate S.A.S. Nagar

------- ਸਹੀ ----
ਗੁਰਪ੍ਰੀਤ ਕੋਰ ਸਪਰਾ, ਆਈ.ਏ.ਐਸ.,
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 9617-73 /ਐਮ.ਸੀ.-1 ਮਿਤੀ: 06-07-2018

ਇਸ ਦਾ ਇੱਕ ਉਤਾਰਾ ਨਿਮਨ ਨੂੰ ਸੂਚਨਾ ਤੇ ਲੋੜੀਂਦੀ ਯੋਗ ਕਾਰਵਾਈ ਹਿੱਤ-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਸਕੱਤਰ, ਪੰਜਾਬ ਸਰਕਾਰ, ਸਾਇੰਸ ਤਕਨਾਲੋਜੀ ਤੇ ਵਾਤਾਵਰਣ ਵਿਭਾਗ, ਪੰਜਾਬ ਚੰਡੀਗੜ੍ਹ।
4. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
5. ਡਾਇਰੈਕਟਰ, ਹੈਲਥ ਤੇ ਫੈਮਿਲੀ ਵੈਲਫੇਅਰ ਵਿਭਾਗ, ਪੰਜਾਬ, ਚੰਡੀਗੜ੍ਹ।
6. ਡੀ.ਆਈ.ਜੀ. ਰੇਜ਼, ਰੂਪਨਗਰ।
7. ਜਿਲਾ ਅਤੇ ਸ਼ੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
8. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ
9. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
10. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ,ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ,ਪਠਾਨਕੋਟ, ਫਾਜ਼ਿਲਕਾ।
11. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ ਅਤੇ ਡੇਰਾਬਸੀ।
12. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਜ਼ੋਨਲ ਲਾਇਸੰਸਿਗ ਅਥਾਰਟੀ (ਡਰਗਜ਼) ਦਫਤਰ ਸਿਵਲ ਸਰਜਨ ਸਾਹਿਬਜਾਦਾ ਅਜੀਤ ਸਿੰਘ ਨਗਰ ਐਟ ਖਰੜ,
14. ਜ਼ਿਲ੍ਹਾ ਮੰਡੀ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
15. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
16. ਜਿਲਾ ਵਿਕਾਸ ਤੇ ਪੰਚਾਇਤ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
17. ਤਹਿਸੀਲਦਾਰ, ਮੋਹਾਲੀ, ਖਰੜ ਅਤੇ ਡੇਰਾਬਸੀ।
18. ਨਾਇਬ ਤਹਿਸੀਲਦਾਰ, ਮਾਜਰੀ ਅਤੇ ਬਨੂੜ।
19. ਬੀ.ਡੀ.ਪੀ.ਓ, ਮਾਜਰੀ, ਖਰੜ ਅਤੇ ਡੇਰਾਬਸੀ।
20. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਉ, ਜੀਰਕਪੁਰ, ਬਨੂੜ ਅਤੇ ਲਾਲੜੂ।
21. ਪੀ.ਏ.ਟੂ ਡੀ.ਸੀ./ਸ:ਸ:ਸ: ਟੂ ਏ.ਡੀ.ਸੀ. (ਜ)/ਏ.ਡੀ.ਸੀ.(ਵਿ)/ਸਟੈਨੋ ਟੂ ਸ:ਕ:(ਜ)/ਸਟੈਨੋ ਟੂ. ਡੀ.ਆਰ.ਓ. ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੰ: 37509-29 ਮਿਤੀ 9-7-18

ਸੀਨੀਅਰ ਕਪਤਾਨ ਪੁਲਿਸ
ਐਸ.ਏ.ਐਸ. ਨਗਰ

ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।